ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com)  FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਦਫਤਰ ਸਿਵਲ ਸਰਜਨ,
ਤਰਨ ਤਾਰਨ।

ਪਹਿਲੀ ਅਪੀਲੀ ਅਥਾਰਟੀ-ਕਮ-
ਸਿਵਲ ਸਰਜਨ,
ਤਰਨ ਤਾਰਨ। ........ ਉੱਤਰਦਾਤਾ

**ਅਪੀਲ ਕੇਸ ਨੰ:1916 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ।
2) ਉੱਤਰਦਾਤਾ ਵੱਲੋਂ ਸ਼੍ਰੀ ਹਰਦਵਿੰਦਰ ਸਿੰਘ, ਜੂਨੀਅਰ ਸਹਾਇਕ ਦਫਤਰ ਸਿਵਲ ਸਰਜਨ, ਤਰਨ ਤਾਰਨ (84376-71139)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 06-01-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਫੂਡ ਸੇਫਟੀ ਅਫਸਰ,ਦਫਤਰ ਸਿਵਲ ਸਰਜਨ, ਤਰਨ ਤਾਰਨ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਸਿਵਲ ਰਿੱਟ ਪਟੀਸ਼ਨ ਨੰ:2928/2008 ਵਿੱਚ ਮਿਤੀ 30-10-2018 ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋ ਪਾਸ ਕੀਤੇ ਗਏ ਹੁਕਮਾਂ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਮਿਤੀ 12-02-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 01-06-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲ ਉਪਰੰਤ ਕਮਿਸ਼ਨ ਵੱਲੋਂ ਮਿਤੀ 27-06-2018 ਨੂੰ ਪਹਿਲੀ ਸੁਣਵਾਈ, ਮਿਤੀ 16-07-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਕਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਸੂਚਨਾ ਮੁਹੱਈਆ ਨਾ ਕਰਾਉਣ ਕਾਰਨ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 21-11-2018 ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉਸ ਨੂੰ ਹਦਾਇਤ ਕੀਤੀ ਗਈ ਸੀ ਕਿ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ_ਅਗਲੀ

ਚਲਦਾ---ਪੰਨਾ/2

**ਅਪੀਲ ਕੇਸ ਨੰ:1916 ਆਫ਼ 2018**

ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਦਵਿੰਦਰ ਸਿੰਘ, ਜੂਨੀਅਰ ਸਹਾਇਕ ਦਫਤਰ ਸਿਵਲ ਸਰਜਨ, ਤਰਨ ਤਾਰਨ ਨੇ ਪੱਤਰ ਨੰ:ਆਰ.ਟੀ.ਆਈ. ਸ਼ਾਖਾ/2019/516, ਮਿਤੀ 14-01-2019 ਪੇਸ਼ ਕਰਦੇ ਹੋਏ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਨਕਦ ਅਦਾਇਗੀ ਵੀ ਕਰ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2322 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ (98145-06858)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 9-9-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ ਪਟਿਆਲਾ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 1 ਨੁਕਤੇ ਵਿਚ ਕਾਲਿਜ ਨੂੰ ਮਿਲਦੀ ਗਰਾਂਟਾ ਸਾਲ 2010-11 ਤੋ 2015-16 ਦੀ ਜਾਣਕਾਰੀ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋ ਪੱਤਰ ਨੰ 1990 ਮਿਤੀ 11.10.18 ਰਾਹੀਂ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ਗਿਆ।ਜਿਸ ਤੋ ਅਪੀਲਕਰਤਾ ਸੰਤੁਸ਼ਟ ਨਹੀ ਸੀ।ਫਿਰ ਮਿਤੀ 10-11-2017 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਪਹਿਲੀ ਅਪੀਲੀ ਅਥਾਰਟੀ ਵਲੋ ਵੀ ਪੱਤਰ ਨੰ 3804 ਮਿਤੀ 1.02.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ।ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 16-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 12-09-2018 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਨੇ ਆਪਣਾ ਜਵਾਬ, ਮਿਤੀ 15-01-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਸ਼੍ਰੀ ਸ਼ਾਹਿਦ ਅਖਤਰ, ਕਾਲਿਜ ਦੀ ਡਿਸਮਿਸਡ ਕਰਮਚਾਰੀ ਸ਼੍ਰੀਮਤੀ ਪੂਨਮ ਗੁਪਤਾ ਦੀ ਤਰਫੋਂ ਝੂਠੀਆਂ ਅਰਜ਼ੀਆ ਦੇ ਕੇ ਅਢੁਕਵੀਂ ਅਤੇ ਵਿਅਰਥ ਸੂਚਨਾ ਮੰਗ ਕੇ ਕਾਲਿਜ ਸੰਸਥਾ ਦੇ

ਚਲਦਾ---ਪੰਨਾ/2

<u>ਅਪੀਲ ਕੇਸ ਨੰ:2322 ਆਫ਼ 2018</u>

ਅਧਿਕਾਰੀਆਂ ਤੇ ਬੇਲੋੜਾ ਦਬਾਅ ਪਾ ਕੇ ਡਰਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼੍ਰੀ ਸ਼ਾਹਿਦ ਅਖਤਰ ਨੂੰ ਭੇਜੇ ਗਏ ਸਾਰੇ ਪੱਤਰ ਵਾਪਸ ਪ੍ਰਾਪਤ ਹੋ ਰਹੇ ਹਨ ਜਿਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਸ਼੍ਰੀ ਸ਼ਾਹਿਰ ਅਖਤਰ ਦਾ ਜਾਲ੍ਹੀ ਨਾਮ ਵਰਤ ਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਹੀ ਹੈ। ਇਸ ਵਿਅਕਤੀ ਨੂੰ ਕਾਲਿਜ ਅਧਿਕਾਰੀਆਂ ਵੱਲੋਂ ਕਦੇ ਵੀ ਵੇਖਿਆ ਨਹੀਂ ਗਿਆ ਅਤੇ ਨਾ ਹੀ ਉਹ ਕਾਲਿਜ ਦੀ ਕਿਸੇ ਕਾਰਵਾਈ ਜਾਂ ਅਦਾਲਤ ਵਿੱਚ ਅੱਜ ਤੱਕ ਨਿੱਜੀ ਤੌਰ ਤੇ ਪੇਸ਼ ਹੀ ਹੋਇਆ ਹੈ ਜਦੋਂ ਕਿ ਉਸ ਵੱਲੋਂ ਬਹੁਤ ਸਾਰੀਆਂ ਆਰ.ਟੀ.ਆਈ. ਅਰਜ਼ੀਆਂ ਕਾਲਿਜ ਨੂੰ ਪਾਈਆਂ ਗਈਆਂ ਹਨ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਇਹ ਕੇਵਲ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਲਈ ਪ੍ਰੇਰਿਤ ਅਤੇ ਕਾਨੂੰ ਨੂੰ ਭੜਕਾਉਣ ਦਾ ਮਾਮਲਾ ਹੀ ਹੈ। ਇਸ ਕਰਕੇ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਹ ਅਪੀਲ ਕੇਸ ਅਤੇ ਅਪੀਲਕਰਤਾ ਵੱਲੋਂ ਪਾਈਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਕੀਮਤ ਸਹਿਤ ਡਿਸਮਿਸ ਕੀਤੀਆਂ ਜਾਣ।

3. ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ.ਅਰਜ਼ੀ ਨਾਲ ਆਪਣਾ ਸ਼ਨਾਖਤੀ ਕਾਰਡ ਪੇਸ਼ ਕੀਤਾ ਹੋਇਆ ਹੈ ਪਰੰਤੂ ਉਸ ਵੱਲੋਂ ਅਪੀਲ ਤੇ ਦਿੱਤੇ ਗਏ ਐਡਰੈਸ ਤੇ ਕਮਿਸ਼ਨ ਵੱਲੋਂ ਉਸ ਨੂੰ ਸੁਣਵਾਈ ਲਈ ਭੇਜਿਆ ਗਿਆ ਨੋਟਿਸ ਅਤੇ ਹੁਕਮ, ਮਿਤੀ 09-10-2018 ਡਾਕਖਾਨੇ ਵੱਲੋਂ ਅਣ-ਵੰਡਿਆ (Un-dilivered) ਵਾਪਸ ਆ ਗਿਆ ਹੈ ਅਤੇ ਉਹ ਅੱਜ ਤੱਕ ਕਿਸੇ ਪੇਸ਼ੀ ਤੇ ਹਾਜ਼ਰ ਵੀ ਨਹੀਂ ਹੋਇਆ। ਜਿਸ ਤੋਂ ਉੱਤਰਦਾਤਾ ਦੇ ਇਸ ਤੱਥ ਦੀ ਪ੍ਰੋੜਤਾ ਹੁੰਦੀ ਹੈ ਕਿ ਇਹ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਦਾ ਮਾਮਲਾ ਹੀ ਹੈ। ਅਪੀਲਕਰਤਾ ਇਸ ਕੇਸ ਵਿੱਚ ਕੋਈ ਸੂਚਨਾ ਪ੍ਰਾਪਤ ਕਰਨ ਲਈ ਗੰਭੀਰ ਨਹੀਂ ਹੈ ਅਤੇ ਉਹ ਉੱਤਰਦਾਤਾ ਅਤੇ ਕਮਿਸ਼ਨ ਨੂੰ ਗੁੰਮਰਾਹ ਕਰ ਰਿਹਾ ਹੈ ਅਤੇ ਖਾਹ-ਮ-ਖਾਹ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰ ਰਿਹਾ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2323 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ (98145-06858)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 9-9-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ ਪਟਿਆਲਾ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 1 ਨੁਕਤੇ ਵਿਚ ਕਾਲਿਜ ਦੇ ਟੀਚਰਜ ਦੇ ਮਕਾਨ ਭੱਤੇ ਸਮੇਤ ਪਤੇ ਦੀ ਜਾਣਕਾਰੀ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋ ਪੱਤਰ ਨੰ 1992 ਮਿਤੀ 11.10.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ਗਿਆ।ਜਿਸ ਤੋ ਅਪੀਲਕਰਤਾ ਸੰਤੁਸ਼ਟ ਨਹੀ ਸੀ।ਫਿਰ ਮਿਤੀ 10-11-2017 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਪਹਿਲੀ ਅਪੀਲੀ ਅਥਾਰਟੀ ਵਲੋ ਵੀ ਪੱਤਰ ਨੰ 3808 ਮਿਤੀ 1.02.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ । ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 16-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 12-09-2018 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਨੇ ਆਪਣਾ ਜਵਾਬ, ਮਿਤੀ 15-01-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਸ਼੍ਰੀ ਸ਼ਾਹਿਦ ਅਖਤਰ, ਕਾਲਿਜ ਦੀ ਡਿਸਮਿਸਡ ਕਰਮਚਾਰੀ ਸ਼੍ਰੀਮਤੀ ਪੂਨਮ ਗੁਪਤਾ ਦੀ ਤਰਫੋਂ ਝੂਠੀਆਂ ਅਰਜ਼ੀਆ ਦੇ ਕੇ ਅਢੁਕਵੀਂ ਅਤੇ ਵਿਅਰਥ ਸੂਚਨਾ ਮੰਗ ਕੇ ਕਾਲਿਜ ਸੰਸਥਾ ਦੇ

ਚਲਦਾ---ਪੰਨਾ/2

**ਅਪੀਲ ਕੇਸ ਨੰ:2323 ਆਫ਼ 2018**

ਅਧਿਕਾਰੀਆਂ ਤੇ ਬੇਲੋੜਾ ਦਬਾਅ ਪਾ ਕੇ ਡਰਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼੍ਰੀ ਸ਼ਾਹਿਦ ਅਖਤਰ ਨੂੰ ਭੇਜੇ ਗਏ ਸਾਰੇ ਪੱਤਰ ਵਾਪਸ ਪ੍ਰਾਪਤ ਹੋ ਰਹੇ ਹਨ ਜਿਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਸ਼੍ਰੀ ਸ਼ਾਹਿਰ ਅਖਤਰ ਦਾ ਜਾਲ੍ਹੀ ਨਾਮ ਵਰਤ ਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਹੀ ਹੈ। ਇਸ ਵਿਅਕਤੀ ਨੂੰ ਕਾਲਿਜ ਅਧਿਕਾਰੀਆਂ ਵੱਲੋਂ ਕਦੇ ਵੀ ਵੇਖਿਆ ਨਹੀਂ ਗਿਆ ਅਤੇ ਨਾ ਹੀ ਉਹ ਕਾਲਿਜ ਦੀ ਕਿਸੇ ਕਾਰਵਾਈ ਜਾਂ ਅਦਾਲਤ ਵਿੱਚ ਅੱਜ ਤੱਕ ਨਿੱਜੀ ਤੌਰ ਤੇ ਪੇਸ਼ ਹੀ ਹੋਇਆ ਹੈ ਜਦੋਂ ਕਿ ਉਸ ਵੱਲੋਂ ਬਹੁਤ ਸਾਰੀਆਂ ਆਰ.ਟੀ.ਆਈ. ਅਰਜ਼ੀਆਂ ਕਾਲਿਜ ਨੂੰ ਪਾਈਆਂ ਗਈਆਂ ਹਨ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਇਹ ਕੇਵਲ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਲਈ ਪ੍ਰੇਰਿਤ ਅਤੇ ਕਾਨੂੰ ਨੂੰ ਭੜਕਾਉਣ ਦਾ ਮਾਮਲਾ ਹੀ ਹੈ। ਇਸ ਕਰਕੇ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਹ ਅਪੀਲ ਕੇਸ ਅਤੇ ਅਪੀਲਕਰਤਾ ਵੱਲੋਂ ਪਾਈਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਕੀਮਤ ਸਹਿਤ ਡਿਸਮਿਸ ਕੀਤੀਆਂ ਜਾਣ।

3. ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ.ਅਰਜ਼ੀ ਨਾਲ ਆਪਣਾ ਸ਼ਨਾਖਤੀ ਕਾਰਡ ਪੇਸ਼ ਕੀਤਾ ਹੋਇਆ ਹੈ ਪਰੰਤੂ ਉਸ ਵੱਲੋਂ ਅਪੀਲ ਤੇ ਦਿੱਤੇ ਗਏ ਐਡਰੈਸ ਤੇ ਕਮਿਸ਼ਨ ਵੱਲੋਂ ਉਸ ਨੂੰ ਸੁਣਵਾਈ ਲਈ ਭੇਜਿਆ ਗਿਆ ਨੋਟਿਸ ਡਾਕਖਾਨੇ ਵੱਲੋਂ ਅਣ-ਵੰਡਿਆ (Un-dilivered) ਵਾਪਸ ਆ ਗਿਆ ਹੈ ਅਤੇ ਉਹ ਅੱਜ ਤੱਕ ਕਿਸੇ ਪੇਸ਼ੀ ਤੇ ਹਾਜ਼ਰ ਵੀ ਨਹੀਂ ਹੋਇਆ। ਜਿਸ ਤੋਂ ਉੱਤਰਦਾਤਾ ਦੇ ਇਸ ਤੱਥ ਦੀ ਪ੍ਰੋੜਤਾ ਹੁੰਦੀ ਹੈ ਕਿ ਇਹ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਦਾ ਮਾਮਲਾ ਹੀ ਹੈ। ਅਪੀਲਕਰਤਾ ਇਸ ਕੇਸ ਵਿੱਚ ਕੋਈ ਸੂਚਨਾ ਪ੍ਰਾਪਤ ਕਰਨ ਲਈ ਗੰਭੀਰ ਨਹੀਂ ਹੈ ਅਤੇ ਉਹ ਉੱਤਰਦਾਤਾ ਅਤੇ ਕਮਿਸ਼ਨ ਨੂੰ ਗੁੰਮਰਾਹ ਕਰ ਰਿਹਾ ਹੈ ਅਤੇ ਖਾਹ-ਮ-ਖਾਹ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰ ਰਿਹਾ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੋਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2324 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ (98145-06858)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 9-9-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ ਪਟਿਆਲਾ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 1 ਨੁਕਤੇ ਵਿਚ ਕਾਲਿਜ ਦੇ ਇੰਕਮ ਤੇ ਖਰਚੇ ਦੀ ਸਾਲ 2010-11 ਤੋ 2015-16 ਦੀ ਜਾਣਕਾਰੀ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋ ਪੱਤਰ ਨੰ 1989 ਮਿਤੀ 11.10.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ਗਿਆ।ਜਿਸ ਤੋ ਅਪੀਲਕਰਤਾ ਸੰਤੁਸ਼ਟ ਨਹੀ ਸੀ।ਫਿਰ ਮਿਤੀ 10-11-2017 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਪਹਿਲੀ ਅਪੀਲੀ ਅਥਾਰਟੀ ਵਲੋ ਵੀ ਪੱਤਰ ਨੰ 3803 ਮਿਤੀ 1.02.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ।ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 1-09-2018 ਨੂੰ ਪਹਿਲੀ ਸੁਣਵਾਈ, ਮਿਤੀ 16-08-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਨੇ ਆਪਣਾ ਜਵਾਬ, ਮਿਤੀ 15-01-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਸ਼੍ਰੀ ਸ਼ਾਹਿਦ ਅਖਤਰ, ਕਾਲਿਜ ਦੀ ਡਿਸਮਿਸਡ ਕਰਮਚਾਰੀ ਸ਼੍ਰੀਮਤੀ ਪੂਨਮ ਗੁਪਤਾ ਦੀ ਤਰਫੋਂ ਝੂਠੀਆਂ ਅਰਜ਼ੀਆ ਦੇ ਕੇ ਅਢੁਕਵੀਂ ਅਤੇ ਵਿਅਰਥ ਸੂਚਨਾ ਮੰਗ ਕੇ ਕਾਲਿਜ ਸੰਸਥਾ ਦੇ ਅਧਿਕਾਰੀਆਂ ਤੇ ਬੇਲੋੜਾ ਦਬਾਅ ਪਾ ਕੇ ਡਰਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼੍ਰੀ ਸ਼ਾਹਿਦ ਅਖਤਰ ਨੂੰ ਭੇਜੇ ਗਏ ਸਾਰੇ ਪੱਤਰ ਵਾਪਸ ਪ੍ਰਾਪਤ ਹੋ ਰਹੇ ਹਨ ਜਿਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਸ਼੍ਰੀ ਸ਼ਾਹਿਰ ਅਖਤਰ ਦਾ ਜਾਲ੍ਹੀ ਨਾਮ ਵਰਤ ਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਹੀ ਹੈ। ਇਸ ਵਿਅਕਤੀ

ਚਲਦਾ---ਪੰਨਾ/2

ਨੂੰ ਕਾਲਿਜ ਅਧਿਕਾਰੀਆਂ ਵੱਲੋਂ ਕਦੇ ਵੀ ਵੇਖਿਆ ਨਹੀਂ ਗਿਆ ਅਤੇ ਨਾ ਹੀ ਉਹ ਕਾਲਿਜ ਦੀ ਕਿਸੇ ਕਾਰਵਾਈ ਜਾਂ ਅਦਾਲਤ ਵਿੱਚ ਅੱਜ ਤੱਕ ਨਿੱਜੀ ਤੌਰ ਤੇ ਪੇਸ਼ ਹੀ ਹੋਇਆ ਹੈ ਜਦੋਂ ਕਿ ਉਸ ਵੱਲੋਂ ਬਹੁਤ ਸਾਰੀਆਂ ਆਰ.ਟੀ.ਆਈ. ਅਰਜ਼ੀਆਂ ਕਾਲਿਜ ਨੂੰ ਪਾਈਆਂ ਗਈਆਂ ਹਨ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਇਹ ਕੇਵਲ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਲਈ ਪ੍ਰੇਰਿਤ ਅਤੇ ਕਾਨੂੰ ਨੂੰ ਭੜਕਾਉਣ ਦਾ ਮਾਮਲਾ ਹੀ ਹੈ। ਇਸ ਕਰਕੇ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਹ ਅਪੀਲ ਕੇਸ ਅਤੇ ਅਪੀਲਕਰਤਾ ਵੱਲੋਂ ਪਾਈਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਕੀਮਤ ਸਹਿਤ ਡਿਸਮਿਸ ਕੀਤੀਆਂ ਜਾਣ।

3. ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ.ਅਰਜ਼ੀ ਨਾਲ ਆਪਣਾ ਸ਼ਨਾਖਤੀ ਕਾਰਡ ਪੇਸ਼ ਕੀਤਾ ਹੋਇਆ ਹੈ ਪਰੰਤੂ ਉਸ ਵੱਲੋਂ ਅਪੀਲ ਤੇ ਦਿੱਤੇ ਗਏ ਐਡਰੈਸ ਤੇ ਕਮਿਸ਼ਨ ਵੱਲੋਂ ਉਸ ਨੂੰ ਸੁਣਵਾਈ ਲਈ ਭੇਜਿਆ ਗਿਆ ਨੋਟਿਸ ਡਾਕਖਾਨੇ ਵੱਲੋਂ ਅਣ-ਵੰਡਿਆ (Un-dilivered) ਵਾਪਸ ਆ ਗਿਆ ਹੈ ਅਤੇ ਉਹ ਅੱਜ ਤੱਕ ਕਿਸੇ ਪੇਸ਼ੀ ਤੇ ਹਾਜ਼ਰ ਵੀ ਨਹੀਂ ਹੋਇਆ। ਜਿਸ ਤੋਂ ਉੱਤਰਦਾਤਾ ਦੇ ਇਸ ਤੱਥ ਦੀ ਪ੍ਰੋੜਤਾ ਹੁੰਦੀ ਹੈ ਕਿ ਇਹ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਦਾ ਮਾਮਲਾ ਹੀ ਹੈ। ਅਪੀਲਕਰਤਾ ਇਸ ਕੇਸ ਵਿੱਚ ਕੋਈ ਸੂਚਨਾ ਪ੍ਰਾਪਤ ਕਰਨ ਲਈ ਗੰਭੀਰ ਨਹੀਂ ਹੈ ਅਤੇ ਉਹ ਉੱਤਰਦਾਤਾ ਅਤੇ ਕਮਿਸ਼ਨ ਨੂੰ ਗੁੰਮਰਾਹ ਕਰ ਰਿਹਾ ਹੈ ਅਤੇ ਖਾਹ-ਮ-ਖਾਹ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰ ਰਿਹਾ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2325 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ (98145-06858)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 9-9-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ ਪਟਿਆਲਾ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 1 ਨੁਕਤੇ ਵਿਚ ਕਾਲਿਜ ਦੇ ਮੈਨੇਜਮੈਂਟ ਅੰਕਾਉਂਟ ਮੀਟਿੰਗ ਦੀ ਡਿਟੇਲ ਸਾਲ 2010-11 ਤੋ 2015-16 ਜਾਣਕਾਰੀ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋ ਪੱਤਰ ਨੰ 1994 ਮਿਤੀ 11.10.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ਗਿਆ।ਜਿਸ ਤੋ ਅਪੀਲਕਰਤਾ ਸੰਤੁਸ਼ਟ ਨਹੀ ਸੀ।ਫਿਰ ਮਿਤੀ 10-11-2017 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਪਹਿਲੀ ਅਪੀਲੀ ਅਥਾਰਟੀ ਵਲੋ ਵੀ ਪੱਤਰ ਨੰ 3807 ਮਿਤੀ 1.02.18 ਰਾਂਹੀ ਭੇਜੇ ਜੁਆਬ ਵਿਚ ਪ੍ਰਾਰਥੀ ਦੇ ਬਿਨੈਪੱਤਰ ਨੂੰ ਡਿਸਪੋਸ ਆਫ ਕਰ ਦਿੱਤਾ ।ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 16-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 12-09-2018 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਨੇ ਆਪਣਾ ਜਵਾਬ, ਮਿਤੀ 15-01-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਸ਼੍ਰੀ ਸ਼ਾਹਿਦ ਅਖਤਰ, ਕਾਲਿਜ ਦੀ ਡਿਸਮਿਸਡ ਕਰਮਚਾਰੀ ਸ਼੍ਰੀਮਤੀ ਪੂਨਮ ਗੁਪਤਾ ਦੀ ਤਰਫੋਂ ਝੂਠੀਆਂ ਅਰਜ਼ੀਆ ਦੇ ਕੇ ਅਢੁਕਵੀਂ ਅਤੇ ਵਿਅਰਥ ਸੂਚਨਾ ਮੰਗ ਕੇ ਕਾਲਿਜ ਸੰਸਥਾ ਦੇ ਅਧਿਕਾਰੀਆਂ ਤੇ ਬੇਲੋੜਾ ਦਬਾਅ ਪਾ ਕੇ ਡਰਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼੍ਰੀ ਸ਼ਾਹਿਦ ਅਖਤਰ ਨੂੰ ਭੇਜੇ ਗਏ ਸਾਰੇ ਪੱਤਰ ਵਾਪਸ ਪ੍ਰਾਪਤ ਹੋ ਰਹੇ ਹਨ ਜਿਸ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਸ਼੍ਰੀ ਸ਼ਾਹਿਰ ਅਖਤਰ ਦਾ ਜਾਲ੍ਹੀ ਨਾਮ ਵਰਤ ਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਹੀ ਹੈ। ਇਸ ਵਿਅਕਤੀ

ਚਲਦਾ---ਪੰਨਾ/2

ਨੂੰ ਕਾਲਿਜ ਅਧਿਕਾਰੀਆਂ ਵੱਲੋਂ ਕਦੇ ਵੀ ਵੇਖਿਆ ਨਹੀਂ ਗਿਆ ਅਤੇ ਨਾ ਹੀ ਉਹ ਕਾਲਿਜ ਦੀ ਕਿਸੇ ਕਾਰਵਾਈ ਜਾਂ ਅਦਾਲਤ ਵਿੱਚ ਅੱਜ ਤੱਕ ਨਿੱਜੀ ਤੌਰ ਤੇ ਪੇਸ਼ ਹੀ ਹੋਇਆ ਹੈ ਜਦੋਂ ਕਿ ਉਸ ਵੱਲੋਂ ਬਹੁਤ ਸਾਰੀਆਂ ਆਰ.ਟੀ.ਆਈ. ਅਰਜ਼ੀਆਂ ਕਾਲਿਜ ਨੂੰ ਪਾਈਆਂ ਗਈਆਂ ਹਨ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਇਹ ਕੇਵਲ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਲਈ ਪ੍ਰੇਰਿਤ ਅਤੇ ਕਾਨੂੰ ਨੂੰ ਭੜਕਾਉਣ ਦਾ ਮਾਮਲਾ ਹੀ ਹੈ। ਇਸ ਕਰਕੇ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਹ ਅਪੀਲ ਕੇਸ ਅਤੇ ਅਪੀਲਕਰਤਾ ਵੱਲੋਂ ਪਾਈਆਂ ਗਈਆਂ ਆਰ.ਟੀ.ਆਈ. ਅਰਜ਼ੀਆਂ ਕੀਮਤ ਸਹਿਤ ਡਿਸਮਿਸ ਕੀਤੀਆਂ ਜਾਣ।

3. ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ.ਅਰਜ਼ੀ ਨਾਲ ਆਪਣਾ ਸ਼ਨਾਖਤੀ ਕਾਰਡ ਪੇਸ਼ ਕੀਤਾ ਹੋਇਆ ਹੈ ਪਰੰਤੂ ਉਸ ਵੱਲੋਂ ਅਪੀਲ ਤੇ ਦਿੱਤੇ ਗਏ ਐਡਰੈਸ ਤੇ ਕਮਿਸ਼ਨ ਵੱਲੋਂ ਉਸ ਨੂੰ ਸੁਣਵਾਈ ਲਈ ਭੇਜਿਆ ਗਿਆ ਨੋਟਿਸ ਡਾਕਖਾਨੇ ਵੱਲੋਂ ਅਣ-ਵੰਡਿਆ (Un-dilivered) ਵਾਪਸ ਆ ਗਿਆ ਹੈ ਅਤੇ ਉਹ ਅੱਜ ਤੱਕ ਕਿਸੇ ਪੇਸ਼ੀ ਤੇ ਹਾਜ਼ਰ ਵੀ ਨਹੀਂ ਹੋਇਆ। ਜਿਸ ਤੋਂ ਉੱਤਰਦਾਤਾ ਦੇ ਇਸ ਤੱਥ ਦੀ ਪ੍ਰੋੜਤਾ ਹੁੰਦੀ ਹੈ ਕਿ ਇਹ ਅਪੀਲਕਰਤਾ ਵੱਲੋਂ ਕਾਨੂੰਨ ਦੀ ਗਲਤ ਵਰਤੋਂ ਕਰਕੇ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਦਾ ਮਾਮਲਾ ਹੀ ਹੈ। ਅਪੀਲਕਰਤਾ ਇਸ ਕੇਸ ਵਿੱਚ ਕੋਈ ਸੂਚਨਾ ਪ੍ਰਾਪਤ ਕਰਨ ਲਈ ਗੰਭੀਰ ਨਹੀਂ ਹੈ ਅਤੇ ਉਹ ਉੱਤਰਦਾਤਾ ਅਤੇ ਕਮਿਸ਼ਨ ਨੂੰ ਗੁੰਮਰਾਹ ਕਰ ਰਿਹਾ ਹੈ ਅਤੇ ਖਾਹ-ਮ-ਖਾਹ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰ ਰਿਹਾ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਹੁਲ ਮਹਾਜਨ (98919-16314)
ਦੁਕਾਨ ਨੰ 112 ਪਹਿਲੀ ਮੰਜ਼ਿਲ, ਸੀ-ਬਲਾਕ,
ਡੀ.ਡੀ.ਏ. ਮਾਰਕੀਟ ਵਿਕਾਸਪੁਰੀ,
ਨਵੀਂ ਦਿੱਲੀ-110018. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਵਿਭਾਗ, ਪੰਜਾਬ,
ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ:3796 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਹੁਲ ਮਹਾਜਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ (94178-54691) ਅਤੇ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਦਵਿੰਦਰ ਦਾਸ, ਸੀਨੀਅਰ ਸਹਾਇਕ (99143-03366)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-07-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2010-11 ਤੋਂ 2016-17 ਤੱਕ ਦੇ ਸਮੇਂ ਨਾਲ ਸਬੰਧਤ ਆਡਿਟ ਰਿਪੋਰਟ ਵਿੱਚ ਦਰਸਾਈਆਂ ਗਈਆਂ ਵਿੱਤੀ ਅਨਿਯਮਤੀਆਂ ਕਾਰਨ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਰੁੱਧ ਕੀਤੀ ਗਈ ਕਾਰਵਾਈ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ।ਪਰੰਤੂ ਸੁਪਰਡੰਟ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,ਉਚੇਰੀ ਸਿੱਖਿਆ ਵਿਭਾਗ(ਸਿੱਖਿਆ-1 ਸ਼ਾਖਾ), ਪੰਜਾਬ, ਚੰਡੀਗੜ ਨੇ ਉਸ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਅਧੀਨ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਟਰਾਂਸਫਰ ਕਰ ਦਿੱਤਾ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 15-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜਰ਼ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ ਨੇ ਆਪਣਾ ਜਵਾਬ ਮਿਤੀ 14-01-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲੀ

ਚਲਦਾ---ਪੰਨਾ/2

**ਅਪੀਲ ਕੇਸ ਨੰ:3796 ਆਫ਼ 2018**

ਅਪੀਲੀ ਅਥਾਰਟੀ ਦੇ ਦਫ਼ਤਰ ਵੱਲੋਂ ਦਿੱਤੀ ਜਾਣੀ ਬਣਦੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਦਵਿੰਦਰ ਦਾਸ, ਸੀਨੀਅਰ ਸਹਾਇਕ ਨੇ ਪੱਤਰ ਨੰ:14/15/2018-4ਸਿ1/1393976/1, ਮਿਤੀ 14-01-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਪੱਤਰ ਨੰ:14/15/2018-4ਸਿ1/1393973/1, ਮਿਤੀ 14-01-2019 ਰਾਹੀਂ ਉਸ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਦਸਤੀ ਵੀ ਅਪੀਲਕਰਤਾ ਨੂੰ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਦਫਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਬਹੁਤ ਦੇਰੀ ਨਾਲ ਮੁਹੱਈਆ ਕਰਵਾਈ ਗਈ ਹੈ। ਇਸ ਕਰਕੇ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਨੂੰ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਸੁਚੇਤ ਰਹਿਣ ਦੀ ਹਦਾਇਤ ਕੀਤੀ ਜਾਂਦੀ ਹੈ।ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜੀਵਨ ਗਰਗ,
ਮਕਾਨ ਨੰ ਬੀ-1/473-ਏ,
ਸਾਹਮਣੇ ਪੁਰਾਣਾ ਬੰਬੇ ਪੈਲੇਸ,
ਜਾਖਲ ਰੋਡ ਸੁਨਾਮ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ
ਸੁਪਰਡੰਟ/ਮੁੱਖ ਪ੍ਰਬੰਧਕੀ ਅਫਸਰ,
ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ,
ਜ਼ਿਲ੍ਹਾ ਕੋਰਟ ਕੰਪਲੈਕਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 3837 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਦੀ ਤਰਫੋਂ ਸ਼੍ਰੀ ਮੋਨੂ (98147-99500)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰਸ਼ਦੀਪ ਸਿੰਘ, ਕਲਰਕ (94639-10148)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2018 ਨੂੰ ਲੋਕ ਸੂਚਨਾ ਅਧਿਕਾਰੀ-ਕਮ-ਸੁਪਰਡੰਟ/ਮੁੱਖ ਪ੍ਰਬੰਧਕੀ ਅਫਸਰ, ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ, ਜ਼ਿਲ੍ਹਾ ਕੋਰਟ ਕੰਪਲੈਕਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 03-03-2012 ਤੋਂ ਜੂਡੀਸ਼ੀਅਲ ਅਧਿਕਾਰੀਆਂ ਵਿਰੁੱਧ ਪ੍ਰਾਪਤ ਹੋਈਆਂ ਸ਼ਿਕਾਇਤਾਂ ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਤਬਦੀਲ ਕਰਨ ਜਾਂ ਨਾ ਕਰਨ ਬਾਰੇ ਅਤੇ ਸ਼ਿਕਾਇਤਾਂ ਦੀ ਮੌਜੂਦਾ ਸਥਿਤੀ (Status) ਆਦਿ ਨਾਲ ਸਬੰਧਤ 17 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 15-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਸ਼ਦੀਪ ਸਿੰਘ, ਕਲਰਕ ਨੇ ਦੱਸਿਆ ਕਿ ਉਨ੍ਹਾਂ ਦੇ ਪੱਤਰ ਨੰ:8570-71/ਈ.ਬੀ., ਮਿਤੀ 13-12-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਦੀ ਤਰਫੋਂ ਸ਼੍ਰੀ ਮੋਨੂ, ਬਿਨ੍ਹਾਂ ਕਿਸੇ ਅਧਿਕਾਰਿਤ ਪੱਤਰ ਦੇ ਹਾਜ਼ਰ ਹੋਇਆ ਅਤੇ ਉਸ ਨੂੰ ਕੇਸ ਬਾਰੇ ਕੋਈ ਜਾਣਕਾਰੀ ਨਾ ਹੋਣ ਕਾਰਨ ਉਹ ਇਸ ਕੇਸ ਨੂੰ ਕਮਿਸ਼ਨ ਸਾਹਮਣੇ ਬ੍ਰੀਫ (Brief) ਨਹੀਂ ਕਰ ਸਕਿਆ। ਉਸ ਵੱਲੋਂ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਸਬੰਧੀ ਲਿਖਤੀ ਜਵਾਬ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਹਾਜ਼ਰ ਉੱਤਰਦਾਤਾ ਨੂੰ ਵੀ ਸੂਚਿਤ ਕੀਤਾ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 20-02-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਮੀਤ ਸਿੰਘ, (87270-05428)
ਪੁੱਤਰ ਸ਼੍ਰੀ ਗੱਜਾ ਸਿੰਘ,
ਵਾਸੀ ਪਿੰਡ ਅਭੈਪੁਰ,ਡਾਕਖਾਨਾ ਤਿਊੜ,
ਤਹਿਸੀਲ ਖਰੜ,
ਜਿਲਾ ਐਸ.ਏ.ਐੱਸ. ਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਰੂਪਨਗਰ ਡਿਵੀਜਨ,
ਰੂਪਨਗਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1174 ਆਫ਼ 2018**

**ਹਾਜ਼ਰ:-**

1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਹਰਮੀਤ ਸਿੰਘ, ਸੀਨੀਅਰ ਸਹਾਇਕ (94644-44245)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਰੂਪਨਗਰ ਡਿਵੀਜ਼ਨ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨੰਬਰਦਾਰੀ ਦੀ ਪੋਸਟ ਸਬੰਧੀ ਸ਼੍ਰੀ ਰਾਮ ਸਿੰਘ ਵਾਸੀ ਪਿੰਡ ਅਭੇਪੁਰ, ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਨਾਲ ਚਲਦੇ ਕੇਸ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 15-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਮੀਤ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:30/ਆਰ.ਟੀ.ਆਈ., ਮਿਤੀ 13-09-2018, ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ, ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਵਿੱਚ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਦਨ ਲਾਲ, (98723-67068)
ਪੁੱਤਰ ਸ਼੍ਰੀ ਓਮ ਪ੍ਰਕਾਸ਼,
ਐਮ.ਸੀ.ਬੀ. ਜ਼ੋਨ 2,
ਮਕਾਨ ਨੰ:10803,
ਪਰਿੰਦਾ ਰੋਡ 18,
ਗੁਰੂ ਤੇਗ ਬਹਾਦਰ ਨਗਰ,
ਬਠਿੰਡਾ-151001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ। .......... ਉੱਤਰਦਾਤਾ

**ਅਪੀਲ ਕੇਸ ਨੰ:2744 ਆਫ਼ 2018**

**ਹਾਜ਼ਰ:-**

1) ਸ਼੍ਰੀ ਮਦਨ ਲਾਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ਼੍ਰੀ ਬਲਰਾਜ ਸਿੰਘ,ਜੂਨੀਅਰ ਇੰਜੀਨੀਅਰ (94658-19866) ਅਤੇ ਸ਼੍ਰੀ ਅਭੀਸ਼ੇਕ ਕੁਮਾਰ, ਜੂਨੀਅਰ ਇੰਜੀਨੀਅਰ (86995-19972), ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਰਾਜ ਸਿੰਘ,ਜੂਨੀਅਰ ਇੰਜੀਨੀਅਰ ਨੇ ਦੱਸਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:1649, ਮਿਤੀ 11-06-2018 ਅਤੇ ਪੱਤਰ ਨੰ:2992, ਮਿਤੀ 20-11-2018 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਤੀਸ਼ ਕੁਮਾਰ ਭੀਰੀ, ਐਡਵੋਕੇਟ, (94176-12036)
ਨੇੜੇ ਨਹਿਰੂ ਪਾਰਕ, ਜੈਤੋ,
ਜ਼ਿਲ੍ਹਾ ਫਰੀਦਕੋਟ-151202. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਜੈਤੋ,
ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,ਪੰਜਾਬ,
ਫਿਰੋਜ਼ਪੁਰ।

(ਰਜਿਸਟਰਡ) ਸ਼੍ਰੀ ਅੱਪਰ ਅਪਾਰ,
ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ,
ਨਗਰ ਕੌਂਸਿਲ, ਜੈਤੋ, ਫਰੀਦਕੋਟ। .......... ਉੱਤਰਦਾਤਾ

**ਅਪੀਲ ਕੇਸ ਨੰ:2765 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਅਪ੍ਰੈਲ 2012 ਤੋ ਮਈ, 2018 ਤੱਕ ਚੱਲ ਰਹੇ ਕੋਰਟ ਕੇਸਾਂ ਆਦਿ ਨਾਲ ਸਬੰਧਤ 5 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ ਮਿਤੀ 15-10-2018 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ

ਚਲਦਾ----ਪੰਨਾ/2

**ਅਪੀਲ ਕੇਸ ਨੰ:2765 ਆਫ਼ 2018**

ਇਹ ਕੇਸ **ਅਗਲੀ ਸੁਣਵਾਈ ਮਿਤੀ 21-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ ਮਿਤੀ 21-11-2018 ਤੇ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ ਜਦੋਂ ਕਿ ਜੁਆਇੰਟ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ ਫਿਰੋਜ਼ਪੁਰ ਵੱਲੋਂ ਆਪਣੇ ਪੱਤਰ ਨੰ:2ਡਡਸਸ-2018/26646 -26647, ਮਿਤੀ 02-11-2018 ਰਾਹੀਂ ਉਸ ਨੂੰ ਪੇਸ਼ੀ ਤੇ ਹਾਜ਼ਰ ਹੋਣ ਦੀ ਹਦਾਇਤ ਵੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਅਧਿਕਾਰੀਆ ਦੇ ਹੁਕਮਾਂ ਦੇ ਬਾਵਜੂਦ ਵੀ ਸੂਚਨਾ ਦਾ ਅਧਿਕਾਰ ਐਕਟ, 2005 ਤੇ ਉਪਬੰਧਾਂ ਦੀ ਪਾਲਣਾ ਨਹੀਂ ਕੀਤੀ ਗਈ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟਰ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਈ.ਮੇਲ., ਮਿਤੀ 15-01-2018 ਰਾਹੀਂ ਕਮਿਸ਼ਨ ਨੂੰ ਕੋਈ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ ਜਦੋਂ ਕਿ ਜੁਆਇੰਟ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ ਫਿਰੋਜ਼ਪੁਰ ਵੱਲੋਂ ਆਪਣੇ ਪੱਤਰ ਨੰ:2ਡਡਸਸ-2018/29024-25, ਮਿਤੀ 02-11-2018 ਰਾਹੀਂ ਉਸ ਨੂੰ ਪੇਸ਼ੀ ਤੇ ਹਾਜ਼ਰ ਹੋਣ ਦੀ ਹਦਾਇਤ ਵੀ ਕੀਤੀ ਹੋਈ ਹੈ। ਉੱਤਰਦਾਤਾ ਕਾਰਜ ਸਾਧਕ ਅਫਸਰ-ਕਮ- ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜੈਤੋ, ਨੂੰ ਕਮਿਸ਼ਨ ਵਿਖੇ ਖੁਦ ਹਾਜ਼ਰ ਹੋ ਕੇ ਆਪਣਾ ਜਵਾਬ ਪੇਸ਼ ਕਰਨ ਲਈ ਕੀਤੀ ਗਈ ਹਦਾਇਤ ਦੇ ਬਾਵਜੂਦ ਵੀ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਅਪੀਲਕਰਤਾ ਨੂੰ ਆਰ.ਟੀ.ਆਈ., ਮਿਤੀ 01-06-2018 ਸਬੰਧੀ 6 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ, ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਤਹਿਤ 30 ਦਿਨਾਂ ਦੇਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਤਰ੍ਹਾਂ ਉੱਤਰਦਾਤਾ,

ਚਲਦਾ----ਪੰਨਾ/3

ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੇ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਕੇ ਆਪਣੇ ਆਪ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਕਾਰਵਾਈ ਦਾ ਭਾਗੀ ਬਣਾ ਲਿਆ ਹੈ।

6. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਅੱਪਰ ਅਪਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫ਼ਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਗਗਨਦੀਪ, (98787-89360)
ਮਕਾਨ ਨੰ:3229, ਕੋਰਟ ਰੋਡ,
ਬਠਿੰਡਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੈਕਸ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੈਕਸ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3207 ਆਫ਼ 2018**

**ਹਾਜ਼ਰ:-** 1) ਸ੍ਰੀ ਗਗਨਦੀਪ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 11-06-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਵਣ ਕੰਪਲੈਕਸ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀ.ਡੈਕ ਮੁਹਾਲੀ ਵੱਲੋਂ ਇਸ਼ਤਿਹਾਰ ਨੰ:5/2011 ਅਨੁਸਾਰ ਸਹਾਇਕ ਖਜ਼ਾਨਚੀਆਂ ਦੀਆਂ ਆਸਾਮੀਆਂ ਵਾਸਤੇ ਲਈ ਗਈ ਪ੍ਰੀਖਿਆ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-12-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ, ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/62/2018-3ਅ(ਅਸਚਬ)/2187-88, ਮਿਤੀ 06-12-2018 ਰਾਹੀਂ ਉਨ੍ਹਾਂ ਕੋਲ ਉਪਲਬਧ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਉਸ ਵੱਲੋ ਇਹ ਵੀ ਦੱਸਿਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਕੁੱਝ ਸੂਚਨਾ ਦਾ ਸਬੰਧ ਡਾਇਰੈਕਟਰ, ਖਜ਼ਾਨਾ ਤੇ ਲੇਖਾ, ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ ਉਸ ਦੀ ਆਰ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪੱਤਰ ਨੰ:1/62/2018-3ਅ(ਅਸਚਬ)/2184-86, ਮਿਤੀ 06-12-2018 ਰਾਹੀਂ ਸਬੰਧਤ ਵਿਭਾਗ ਨੂੰ ਤਬਦੀਲ ਕਰ ਦਿੱਤੀ ਗਈ ਹੈ ਅਤੇ ਇਸ ਬਾਰੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ

ਚਲਦਾ----ਪੰਨਾ/2

**ਅਪੀਲ ਕੇਸ ਨੰ:3207 ਆਫ਼ 2018**

ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1/62/2018-3ਅ(ਅਸਚਬ)/2320-21, ਮਿਤੀ 28-12-2018 ਰਾਹੀਂ ਅਪੀਲਕਰਤਾ ਨੂੰ ਵਿਸਥਾਰ-ਪੂਰਵਕ ਸੂਚਨਾ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਵਿੱਚ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

(ਰਜਿਸਟਰਡ) ਡਾਕਟਰ ਲਖਵਿੰਦਰ ਸਿੰਘ,
ਡਿਪਟੀ ਡਾਇਰੈਕਟਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**<u>ਅਪੀਲ ਕੇਸ ਨੰ:3306 ਆਫ਼ 2018</u>**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਵੱਲੋਂ ਆਪਣੇ ਮੀਮੋ:ਨੰ:1/26-2007-ਪੈਨਸ਼ਨ ਸੈੱਲ, ਮਿਤੀ 02-01-2008 ਰਾਹੀਂ ਸਮੂਹ ਕਾਲਿਜ਼ਾਂ ਦੇ ਪ੍ਰਿੰਸੀਪਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-12-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਪੱਤਰ ਨੰ:16/05-2018-ਗ੍ਰਾਂਟ-2(5), ਮਿਤੀ 04-09-2018 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਮਿਤੀ 04-09-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਸੀ। ਅਪੀਲਕਰਤਾ

ਚਲਦਾ----ਪੰਨਾ/2

**ਅਪੀਲ ਕੇਸ ਨੰ:3306 ਆਫ਼ 2018**

ਨੇ ਰਜਿਸਟਰੀ ਵਾਲਾ ਲਿਫ਼ਾਫਾ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਉੱਤਰਦਾਤਾ ਵੱਲੋਂ ਮਿਤੀ 04-09-2018 ਵਾਲਾ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਸੀ ਜੋ ਕਿ ਉਸ ਨੂੰ ਮਿਤੀ 29-09-2018 ਨੂੰ ਪ੍ਰਾਪਤ ਹੋਇਆ ਸੀ। ਉਸ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਉੱਤਰਦਾਤਾ ਵੱਲੋਂ ਇਸ ਪੱਤਰ ਰਾਹੀਂ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਗਈ ਬਲਕਿ ਕੇਵਲ ਇਹ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਬਾਰੇ ਐਸ.ਐਸ.ਡੀ. ਕਾਲਿਜ ਬਠਿੰਡਾ ਦੇ ਨਾਲ ਮਾਨਯੋਗ ਹਾਈ ਕੋਰਟ ਵਿੱਚ ਮੁਕੱਦਮਾ ਪੈਂਡਿੰਗ ਹੈ, ਜਿਸ ਕਰਕੇ ਆਰ.ਟੀ.ਆਈ. ਐਕਟ ਦੀ ਧਾਰਾ 8(11) ਬੀ ਦੇ ਅਨੁਸਾਰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ।

3. ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਸੀ ਕਿ ਉਨ੍ਹਾਂ ਵੱਲੋਂ ਮਿਤੀ 04-09-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਹੈ ਜਦੋਂ ਕਿ ਅਪੀਲਕਰਤਾ ਦੇ ਦੱਸਣ ਮੁਤਾਬਿਕ ਉਨ੍ਹਾਂ ਵੱਲੋਂ ਇਹ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਹਦਾਇਤ ਕੀਤੀ ਗਈ ਸੀ ਕਿ ਮਿਤੀ 04-09-2018 ਵਾਲੇ ਪੱਤਰ ਨੂੰ 22 ਦਿਨ ਲੇਟ ਪੋਸਟ ਕਰਨ ਲਈ ਸਬੰਧਤ ਕਰਮਚਾਰੀ ਦੀ ਜ਼ਿੰਮੇਵਾਰ ਨਿਸਚਿਤ ਕਰਦੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਨ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਈ.ਮੇਲ., ਮਿਤੀ 14-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਅਤੇ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ ਜਦੋਂ ਕਿ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 11-12-2018 ਅਨੁਸਾਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਮਿਤੀ 04-09-2018 ਵਾਲੇ ਪੱਤਰ ਨੂੰ 22 ਦਿਨ ਲੇਟ ਪੋਸਟ ਕਰਨ ਲਈ ਸਬੰਧਤ ਕਰਮਚਾਰੀ ਦੀ ਜ਼ਿੰਮੇਵਾਰ ਨਿਸਚਿਤ ਕਰਦੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਕਮਿਸ਼ਨ ਵਿਖੇ ਖੁਦ ਹਾਜ਼ਰ ਹੋ ਕੇ ਆਪਣਾ ਜਵਾਬ ਪੇਸ਼ ਕਰਨ ਲਈ ਕੀਤੀ ਗਈ ਹਦਾਇਤ ਦੇ ਬਾਵਜੂਦ ਵੀ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ

ਚਲਦਾ----ਪੰਨਾ/3

**ਅਪੀਲ ਕੇਸ ਨੰ:3306 ਆਫ਼ 2018**

ਹੀ ਅਪੀਲਕਰਤਾ ਨੂੰ ਆਰ.ਟੀ.ਆਈ., ਮਿਤੀ 26-05-2018 ਸਬੰਧੀ 7 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ, ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਤਹਿਤ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੇ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਕੇ ਆਪਣੇ ਆਪ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਕਾਰਵਾਈ ਦਾ ਭਾਗੀ ਬਣਾ ਲਿਆ ਹੈ।

6. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਡਾਕਟਰ ਲਖਵਿੰਦਰ ਸਿੰਘ, ਡਿਪਟੀ ਡਾਇਰੈਕਟਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫ਼ਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੰਜੀਵ ਗੋਇਲ, (98141-97689)
ਪੁੱਤਰ ਸ਼੍ਰੀ ਅਸ਼ੋਕ ਕੁਮਾਰ,
ਕੋਠੀ ਨੰ:148, ਮਾਡਲ ਟਾਊਨ,
ਫੇਸ-1, ਨੇੜੇ ਟੀ.ਵੀ.ਟਾਵਰ,
ਬਠਿੰਡਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਉਦਯੋਗ ਕੇਂਦਰ,
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜਨਰਲ ਮੈਨਜਰ,
ਜ਼ਿਲ੍ਹਾ ਉਦਯੋਗ ਕੇਂਦਰ,
ਬਠਿੰਡਾ। ........ ਉੱਤਰਦਾਤਾ

**ਅਪੀਲ ਕੇਸ ਨੰ:3346 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-05-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਉਦਯੋਗ ਕੇਂਦਰ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬਠਿੰਡਾ ਜ਼ਿਲ੍ਹੇ ਵਿੱਚ ਸਾਰੀਆਂ ਸੁਸਾਇਟੀਆਂ, ਕਲੱਬਾਂ ਅਤੇ ਸਮੂਹ ਐਨ.ਜੀ.ਓਜ਼ ਦੀ ਰਜਿਸਟਰੇਸ਼ਨ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-12-2018 ਤੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਦੇ ਨੁਮਾਇੰਦੇ, ਸ਼੍ਰੀ ਮਦਨ ਲਾਲ, ਵਾਸੀ ਬਠਿੰਡਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰੀਤ ਮਹਿੰਦਰ ਸਿੰਘ ਬਰਾੜ, ਫੰਕਸ਼ਨਲ ਮੈਨੇਜਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2638, ਮਿਤੀ 22-11-2018 ਰਾਹੀਂ ਪਹਿਲਾਂ ਹੀ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਹੋਇਆ ਹੈ ਜਿਸ ਅਨੁਸਾਰ ਉੱਤਰਦਾਤਾ ਵੱਲੋਂ ਆਪਣੇ ਪੱਤਰ ਨੰ:1446, ਮਿਤੀ 11-06-2018 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਗਿਆ ਸੀ। ਉੱਤਰਦਾਤਾ ਵੱਲੋਂ ਆਪਣੇ ਪੱਤਰ ਵਿੱਚ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਸੋਸਾਇਟੀ ਰਜਿਸਟਰੇਸ਼ਨ ਸ਼ਾਖਾ ਵੱਲੋਂ ਪ੍ਰਾਪਤ ਰਿਪੋਰਟ ਮੁਤਾਬਿਕ ਉਨ੍ਹਾਂ ਦੇ ਦਫ਼ਤਰ ਪਾਸ 5000 ਦੇ ਲਗਭਗ ਸਾਲ 1999 ਤੋਂ 2018 ਤੱਕ ਸੋਸਾਇਟੀਆਂ ਐਕਟ 1860 ਤਹਿਤ ਰਜਿਸਟਰਡ ਕੀਤੀਆਂ ਗਈਆਂ ਹਨ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕਿਹਾ ਗਿਆ ਸੀ ਕਿ ਜੇਕਰ ਕਿਸੇ ਨਾਮ ਦੀ ਸੋਸਾਇਟੀ ਦੀ ਫਾਈਲ ਦੀ ਜ਼ਰੂਰਤ ਹੋਵੇ ਤਾਂ ਉਸ ਦਾ ਨਾਮ ਦੱਸ ਕੇ ਪ੍ਰਾਪਤ ਕਰ ਲਈ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਫਿਰ ਦੁਹਰਾਇਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਬਲਕੀ ਹੋਣ ਕਾਰਨ ਉਹ ਕਿਸੇ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਕੇ ਆਰ.ਟੀ.ਆਈ. ਐਕਟ, 2005 ਦੇ ਨਿਯਮਾਂ ਅਨੁਸਾਰ ਬਣਦੀ

ਚਲਦਾ----ਪੰਨਾ/2

ਫੀਸ ਜਮ੍ਹਾਂ ਕਰਵਾ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾ ਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਗਈ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਪੱਤਰ ਨੰ:ਜਿਓਕੇ/ਬਠਿੰਡਾ/ਆਰ.ਟੀ.ਆਈ. ਐਕਟ-2005/2750-51, ਮਿਤੀ 14-12-2018 ਪ੍ਰਾਪਤ ਹੋਇਆ ਹੈ ਜਿਸ ਅਨੁਸਾਰ ਉਨ੍ਹਾਂ ਨੇ ਅਪੀਲਕਰਤਾ ਨੂੰ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 11-12-2018 ਅਨੁਸਾਰ ਅਪੀਲਕਰਤਾ ਨੂੰ ਲਿਖਿਆ ਗਿਆ ਹੈ ਕਿ ਸਾਲ 1999 ਤੋਂ ਲੈ ਕੇ 09/2018 ਤੱਕ ਦੇ ਸੁਸਾਇਟੀਆਂ ਨਾਲ ਸਬੰਧਤ ਸਾਰੇ ਰਜਿਸਟਰਾਂ ਦੇ ਕੁੱਲ 816 ਪੰਨੇ ਬਣਦੇ ਹਨ। ਇਸ ਲਈ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਇਸ ਸੂਚਨਾ ਲਈ 02 ਪ੍ਰਤੀ ਪੰਨੇ ਹਿਸਾਬ ਨਾਲ 1632-00 ਰੁਪਏ (ਇੱਕ ਹਜ਼ਾਰ, ਛੇ ਸੌ ਬੱਤੀ ਰੁਪਏ) ਬਣਦੀ ਫੀਸ ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਹੈ।

4. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਦੀ ਬਜਾਏ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 15-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਡਾਕਟਰ ਪਵਨ ਕੁਮਾਰ ਸਿੰਗਲਾ, ਰਾਜ ਸੂਚਨਾ ਕਮਿਸ਼ਨਰ ਪੰਜਾਬ ਜੀ ਵੱਲੋਂ ਅਪੀਲ ਕੇਸ ਨੰ:167 ਆਫ 2018 ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 20-03-2018 ਦਾ ਹਵਾਲਾ ਦਿੰਦੇ ਹੋਏ ਬੇਨਤੀ ਕੀਤੀ ਗਈ ਹੈ ਕਿ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਵੇ ਕਿ ਉਸ ਨੂੰ ਦਸਤਾਵੇਜ਼ ਮੁਹੱਈਆ ਕਰਾਉਣ ਲਈ ਨੁਕਤਾਵਾਰ ਫੀਸ ਦੱਸੀ ਜਾਵੇ।

5. ਪੇਸ਼ੀ ਮਿਤੀ, 11-12-2018 ਤੇ ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾ ਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਗਈ ਸੀ। ਪਰੰਤੂ ਹੁਣ ਉਸ ਵੱਲੋਂ ਸੂਚਨਾ ਲਈ ਬਣਦੀ ਫੀਸ ਜਮ੍ਹਾਂ ਕਰਾਉਣ ਦੀ ਬਜਾਏ ਬੇਨਤੀ ਕੀਤੀ ਗਈ ਹੈ ਕਿ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਵੇ ਕਿ ਉਸ ਨੂੰ ਦਸਤਾਵੇਜ਼ ਮੁਹੱਈਆ ਕਰਾਉਣ ਲਈ ਨੁਕਤਾਵਾਰ ਫੀਸ ਦੱਸੀ ਜਾਵੇ ਜੋ ਕਿ ਵਾਜਿਬ ਨਹੀਂ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਲਈ ਗੰਭੀਰ ਨਹੀਂ ਹੈ ਅਤੇ ਬਿਨ੍ਹਾਂ ਵਜ੍ਹਾ ਕਮਿਸ਼ਨ ਦਾ ਸਮਾਂ ਬਰਦਾਦ ਕਰ ਰਿਹਾ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਵਿੱਚ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ......... ਉੱਤਰਦਾਤਾ

**ਅਪੀਲ ਕੇਸ ਨੰ:2434 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 15-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਸੂਚਨਾ ਮੁਹੱਈਆ ਕਰਾਉਣ ਦੀ ਬੇਨਤੀ ਕਰਦੇ ਹੋਏ ਸੂਚਨਾ ਸਮੇਂ ਸਿਰ ਨਾ ਦੇਣ ਕਾਰਨ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 26-11-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਪਿਛਲੀ ਪੇਸ਼ੀ, ਮਿਤੀ 16-10-2018 ਵਾਲੇ ਜਵਾਬ ਨੂੰ ਦੁਹਰਾਉਂਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਐਮ.ਬੀ. ਬੱਕ 425 ਅਜੇ ਉਪਲਬਧ ਨਹੀਂ ਹੋ ਸਕੀ ਜੋ ਕਿ ਵਾਜਿਬ ਨਹੀਂ ਸੀ ਕਿਉਂਕਿ ਉਸ ਵੱਲੋਂ ਐਮ.ਬੀ.ਬੱਕ ਦੀ ਭਾਲ ਸਬੰਧੀ ਕੋਈ ਸਬੂਤ ਪੇਸ਼ ਨਹੀਂ ਕੀਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮਿਤੀ 30-01-2018 ਨੂੰ ਆਰ.ਟੀ.ਆਈ. ਅਰਜ਼ੀ ਪਾਉਣ ਦੀ ਮਿਤੀ ਤੋਂ ਲੈ ਕੇ ਅੰਤ ਮਿਤੀ ਤੱਕ ਐਮ.ਬੀ. ਬੁੱਕ ਨੂੰ ਭਾਲਣ ਲਈ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 02-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਪੇਸ਼ੀ, ਮਿਤੀ 02-01-2018 ਤੇ ਉੱਤਰਦਾਤਾ ਵੱਲੋਂ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ

ਚਲਦਾ----ਪੰਨਾ/2

(ਇਲੈਕਟ੍ਰੀਕਲ), ਨਗਰ ਕੌਂਸਿਲ, ਮੰਡੀ ਗੋਬਿੰਦਗੜ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਡਿਪਟੀ ਕਮਿਸ਼ਨਰ, ਫਤਿਹਗੜ੍ਹ ਸਾਹਿਬ ਵੱਲੋਂ ਪੀ.ਆਈ.ਡੀ.ਬੀ ਦੀ ਮੀਟਿੰਗ ਰੱਖੀ ਗਈ ਹੈ। ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਦੀ ਅਚਾਨਕ ਤਬੀਅਤ ਖਰਾਬ ਹੋਣ ਕਰਕੇ ਉਸ (ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ) ਦੀ ਮੀਟਿੰਗ ਅਟੈਂਡ ਕਰਨ ਲਈ ਡਿਊਟੀ ਲਗਾਈ ਗਈ ਸੀ। ਇਸ ਕਰਕੇ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮਿਤੀ 30-01-2018 ਨੂੰ ਆਰ.ਟੀ.ਆਈ. ਅਰਜ਼ੀ ਪਾਉਣ ਦੀ ਮਿਤੀ ਤੋਂ ਲੈ ਕੇ ਅੰਤ ਮਿਤੀ ਤੱਕ ਐਮ.ਬੀ. ਬੁੱਕ ਨੂੰ ਭਾਲਣ ਲਈ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦਿੱਤਾ ਜਾ ਰਿਹਾ ਅਤੇ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਵਾਰ-ਵਾਰ ਸਮੇਂ ਦੀ ਮੰਗ ਕਰਕੇ ਕਮਿਸ਼ਨ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮਿਤੀ 30-01-2018 ਨੂੰ ਆਰ.ਟੀ.ਆਈ. ਅਰਜ਼ੀ ਪਾਉਣ ਦੀ ਮਿਤੀ ਤੋਂ ਲੈ ਕੇ ਹੁਣ ਤੱਕ ਐਮ.ਬੀ. ਬੁੱਕ ਨੂੰ ਭਾਲਣ ਲਈ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਜਾਵੇ ਅਤੇ ਪੇਸ਼ੀ ਤੇ ਵਾਰ-ਵਾਰ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ,2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-02-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਵਿਕਾਸ ਭਾਰਤੀ, (82848-94223),
ਵਾਸੀ 686 ਐਮ.ਆਈ.ਜੀ.(।), (ਇੰਡੀਪੈਂਡੈਂਟ,
ਫੇਸ-9, ਸੈਕਟਰ 63-ਏ,
ਮੋਹਾਲੀ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਮੈਡੀਕਲ ਸੁਪਰਡੰਟ,
ਮੈਡੀਕਲ ਕਾਲਿਜ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਮੈਡੀਕਲ ਸੁਪਰਡੰਟ,
ਮੈਡੀਕਲ ਕਾਲਿਜ, ਅੰਮ੍ਰਿਤਸਰ। ----- ਉੱਤਰਦਾਤਾ

**ਅਪੀਲ ਕੇਸ ਨੰ:131 ਆਫ਼ 2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਓਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 22-11-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਡੀਕਲ ਸੁਪਰਡੰਟ, ਮੈਡੀਕਲ ਕਾਲਿਜ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਨਿਤਿਕਾ ਸਿੰਗਲਾ, ਐਨਾਲਿਸਟ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਓਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਈ.ਮੇਲ. ਰਾਹੀਂ ਭੇਜੇ ਗਏ ਪੱਤਰ ਨੰ:1343/ਆਰ.ਟੀ.ਆਈ.-(96/12/18), ਮਿਤੀ 14-01-2019 ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:1342/ਆਰ.ਟੀ.ਆਈ.-(96/12/18), ਮਿਤੀ 14-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਦਸਤੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਸਬੰਧੀ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਭੇਜੀ ਗਈ ਹੈ ਜਿਸ ਅਨੁਸਾਰ ਉਸ ਵੱਲੋਂ ਆਪਣੇ ਹਸਤਾਖਰਾਂ ਹੇਠ ਮਿਤੀ 14-01-2019 ਨੂੰ ਸੂਚਨਾ ਪ੍ਰਾਪਤ ਕਰਦੇ ਹੋਏ ਕੇਸ ਨੂੰ ਫਾਈਲ ਕਰਨ ਲਈ ਬੇਨਤੀ ਕੀਤੀ ਗਈ ਹੈ ਇਸ ਕਰਕੇ ਵਿੱਚ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**